412022-Patiala-08.qxd 1/3/2022 11:21 PM Page 2

ਜੁਆਇੰਟ ਐਕਸ਼ਨ ਕਮੇਟੀ ਤੇ ਕੌਂਸਲ ਆਫ਼ ਡਿਪਲੋਮਾ ਇੰਜੀਨੀਅਰਜ਼ ਵਲੋਂ ਮੁੱਖ ਮੰਤਰੀ ਨੂੰ ਮੰਗਾਂ ਤੁਰੰਤ ਹੱਲ ਕਰਨ ਦੀ ਅਪੀਲ

ਖਮਾਣੋਂ, 3 ਜਨਵਰੀ (ਜੋਗਿੰਦਰ ਪਾਲ) - ਪੰਜਾਬ ਸਰਕਾਰ ਦੇ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਸਥਾਨਕ ਸਰਕਾਰਾਂ ਵਿਭਾਗ, ਯੂਨੀਵਰਸਿਟੀਆਂ ਅਤੇ ਹੋਰ ਤਕਨੀਕੀ ਅਦਾਰਿਆਂ ਵਿਚ ਸੇਵਾਵਾਂ ਨਿਭਾ ਰਹੇ ਜੂਨੀਅਰ ਇੰਜੀਨੀਅਰਜ਼/ਸਹਾਇਕ ਇੰਜੀਨੀਅਰਜ਼/ਉਪ ਮੰਡਲ ਇੰਜੀਨੀਅਰਜ਼, ਅਫ਼ਸਰਜ਼ (ਪਦ-ਉੱਨਤ ਦੀ ਪ੍ਰਤੀਨਿਧ ਜਮਾਤ ਜੁਆਇੰਟ ਐਕਸ਼ਨ ਕਮੇਟੀ ਕੌਂਸਲ ਆਫ਼ ਡਿਪਲੋਮਾ ਇੰਜੀਨੀਅਰਜ਼ ਦੇ ਆਗੂਆਂ ਇੰਜੀ: ਮਨਜਿੰਦਰ ਸਿੰਘ ਮੱਤੇਨੰਗਲ ਤੇ ਇੰਜੀ: ਸੁਖਮਿੰਦਰ ਸਿੰਘ ਲਵਲੀ (ਦੋਵੇਂ ਚੇਅਰਮੈਨ-ਕਮ-ਕਨਵੀਨਰ) ਇੰਜੀ: ਦਿਲਪ੍ਰੀਤ ਸਿੰਘ ਲੋਹਟ, ਇੰਜੀ: ਰਾਜਿੰਦਰ ਕੁਮਾਰ ਗੌੜ, ਇੰਜੀ: ਸੁਖਵਿੰਦਰ ਸਿੰਘ ਬਾਂਗੋਵਾਨੀ, ਇੰਜੀ: ਦਵਿੰਦਰ ਸਿੰਘ ਸੇਖੋਂ, ਇੰਜੀ: ਕਰਮਜੀਤ ਸਿੰਘ ਬੀਹਲਾ, ਇੰਜੀ: ਹਰਮਨਜੀਤ ਸਿੰਘ ਧਾਲੀਵਾਲ, ਇੰਜੀ: ਨਰਿੰਦਰ ਕੁਮਾਰ, ਇੰਜੀ: ਕੁਲਬੀਰ ਸਿੰਘ ਬੈਨੀਪਾਲ, ਇੰਜੀ: ਕਰਮਜੀਤ ਸਿੰਘ ਮਾਨ (ਦੋਵੇਂ ਪ੍ਰੈੱਸ ਸਕੱਤਰ ਜੇ.ਏ.ਸੀ. ਕੌਂਸਲ) ਇੰਜੀ: ਹਰਿੰਦਰ ਸਿੰਘ ਗਿੱਲ ਸੂਬਾ ਪ੍ਰਧਾਨ ਪੰਚਾਇਤੀ ਰਾਜ ਜੇ.ਈਜ਼./ਏ.ਈਜ਼./ਪਦ-ਉੱਨਤ ਉਪ ਮੰਡਲ ਅਫ਼ਸਰਜ਼ ਐਸੋਸੀਏਸ਼ਨ ਪੰਜਾਬ, ਇੰਜੀ: ਗੁਰਤੇਜ ਸਿੰਘ ਸੂਬਾ ਪ੍ਰਧਾਨ ਇੰਜੀਨੀਅਰਜ਼ ਐਸੋਸੀਏਸ਼ਨ ਜਲ ਸਪਲਾਈ ਤੇ ਸੀਵਰੇਜ ਬੋਰਡ ਪੰਜਾਬ, ਇੰਜੀ: ਮਹਿੰਦਰ ਸਿੰਘ ਮਲੋਆ ਚੇਅਰਮੈਨ ਪੁੱਡਾ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਆਦਿ ਆਗੂਆਂ ਵਲੋਂ ਸਾਂਝਾ ਬਿਆਨ ਜਾਰੀ ਕਰਦੇ ਹੋਏ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਤੋਂ ਮੰਗ ਕਰਦੇ ਹੋਏ ਅਪੀਲ ਕੀਤੀ ਕਿ ਵਿਕਾਸ ਦੇ ਰੀੜ੍ਹ ਦੀ ਹੱਡੀ ਜੂਨੀਅਰ ਇੰਜੀਨੀਅਰਜ਼/ਸਹਾਇਕ ਇੰਜੀਨੀਅਰਜ਼/ਪਦ ਉੱਨਤ-ਉਪ ਮੰਡਲ ਇੰਜੀਨੀਅਰਜ਼, ਅਫ਼ਸਰਜ਼ ਵਰਗ ਦੀਆਂ ਹੱਕੀ ਵਾਜਬ ਤੇ ਜਾਇਜ਼ ਮੰਗਾਂ ਦਾ ਨਿੱਜੀ ਦਖ਼ਲ ਦੇ ਕੇ ਤੁਰੰਤ ਨਿਪਟਾਰਾ ਕੀਤਾ ਜਾਵੇ। ਕੌਂਸਲ ਆਗੂਆਂ ਵਲੋਂ ਕਿਹਾ ਗਿਆ ਕਿ ਜਥੇਬੰਦੀ ਦੇ ਵਫ਼ਦ ਵਲੋਂ ਪਿਛਲੇ ਸਮੇਂ ਮੁੱਖ ਮੰਤਰੀ ਪੰਜਾਬ, ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਬ੍ਰਹਮ ਮਹਿੰਦਰਾ, ਕੈਬਨਿਟ ਮੰਤਰੀ ਪੰਜਾਬ ਸਰਕਾਰ ਦੇ ਹੋਰ ਕੈਬਨਿਟ ਮੰਤਰੀਆਂ, ਮੁੱਖ ਮੰਤਰੀ ਪੰਜਾਬ ਦੇ ਪ੍ਰਮੁੱਖ ਸਕੱਤਰ ਆਦਿ ਨੂੰ ਮਿਲ ਕੇ ਇਸ ਵਰਗ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਤੇ ਜਮਾਤ ਦੀਆਂ ਲੰਮੇ ਸਮੇਂ ਤੋਂ ਲੰਬਿਤ ਮੰਗਾਂ ਦੇ ਹੱਲ ਸਬੰਧੀ ਜਸਟੀਫਿਕੇਸ਼ਨਾਂ ਦੇ ਕੇ ਜਾਣੂ ਕਰਵਾਇਆ ਜਾ ਚੁੱਕਾ ਹੈ ਤੇ ਸਰਕਾਰ ਦੇ ਨੁਮਾਇੰਦਿਆਂ ਵਲੋਂ ਕੌਂਸਲ ਦੇ ਵਫ਼ਦਾਂ ਨੂੰ ਭਰੋਸਾ ਦਿੱਤਾ ਗਿਆ ਕਿ ਛੇਵੇਂ ਤਨਖ਼ਾਹ ਕਮਿਸ਼ਨ ਨਾਲ ਸਬੰਧਿਤ ਅਤੇ ਹੋਰ ਹੱਕੀ ਮੰਗਾਂ ਦਾ ਜਲਦ ਤੋਂ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ।

ਪਿੰਡ ਪੰਡਰਾਲੀ ਵਿਖੇ ਵਿਕਾਸ ਕਾਰਜ ਲੋਕ ਅਰਪਣ ਕਰਨ ਮੌਕੇ ਵਿਧਾਇਕ ਕੁਲਜੀਤ ਸਿੰਘ ਨਾਗਰਾ ਅਤੇ ਹੋਰ। ਅਜੀਤ ਤਸਵੀਰ

ਪਿੰਡ ਪੰਡਰਾਲੀ ਵਿਖੇ ਵੱਖ-ਵੱਖ ਵਿਕਾਸ ਪ੍ਰੋਜੈਕਟ ਵਿਧਾਇਕ ਨਾਗਰਾ ਵਲੋਂ ਲੋਕ ਅਰਪਣ

ਜਖਵਾਲੀ, 3 ਜਨਵਰੀ (ਨਿਰਭੈ ਸਿੰਘ) - ਹਲਕੇ ਦੇ ਪਿੰਡਾਂ ਵਿਚ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਵੱਡੀ ਗਿਣਤੀ ਪ੍ਰੋਜੈਕਟ ਮੁਕੰਮਲ ਹੋਏ ਹਨ, ਜਿਨ੍ਹਾਂ ਨੂੰ ਲੋਕ ਅਰਪਣ ਕੀਤਾ ਜਾ ਰਿਹਾ ਹੈ ਤੇ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣ ਵਿਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਬਲਾਕ ਸਰਹਿੰਦ ਦੇ ਪਿੰਡ ਪੰਡਰਾਲੀ ਵਿਖੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਚੇਵਾਲ ਮਾਡਲ ਪ੍ਰੋਜੈਕਟ, ਗਲੀਆਂ ਵਿਚ ਇੰਟਰਲਾਕਿੰਗ ਟਾਇਲਾਂ, ਸੀਵਰੇਜ, ਪਿੰਡ ਵਿਚ ਸੋਲਰ ਲਾਈਟਾਂ ਤੇ ਸੋਲਰ ਪੰਪ ਲਗਾਉਣ ਆਦਿ ਪ੍ਰੋਜੈਕਟਾਂ ਦੇ ਕੰਮ ਮੁਕੰਮਲ ਹੋਣ ਉਪਰੰਤ ਪ੍ਰੋਜੈਕਟਾਂ ਨੂੰ ਲੋਕ ਅਰਪਣ ਕਰਨ ਮੌਕੇ ਕੀਤਾ। ਇਸ ਮੌਕੇ ਬਲਾਕ ਪ੍ਰਧਾਨ ਤੇ ਪਿੰਡ ਦੇ ਸਰਪੰਚ ਗੁਰਮੁਖ ਸਿੰਘ ਪੰਡਰਾਲੀ, ਚੇਅਰਮੈਨ ਭੁਪਿੰਦਰ ਸਿੰਘ ਬਧੌਛੀ, ਮਾਰਕੀਟ ਕਮੇਟੀ ਦੇ ਚੇਅਰਮੈਨ ਬਲਜਿੰਦਰ ਸਿੰਘ ਅਤਾਪੁਰ, ਮੀਡੀਆ ਇੰਚਾਰਜ ਪਰਮਵੀਰ ਸਿੰਘ ਟਿਵਾਣਾ, ਚੇਅਰਮੈਨ ਤੇ ਸਰਪੰਚ ਦਵਿੰਦਰ ਸਿੰਘ ਜੱਲ੍ਹਾ, ਬਲਾਕ ਸੰਮਤੀ ਦੇ ਵਾਈਸ ਚੇਅਰਮੈਨ ਹਰਬੰਸ ਸਿੰਘ ਜੇ.ਈ., ਗੁਰਜੀਤ ਸਿੰਘ ਕਾਲਾ, ਦਵਿੰਦਰ ਕੁਮਾਰ ਮੱਖਣ, ਦਲਬੀਰ ਸਿੰਘ, ਬਲਜੀਤ ਸਿੰਘ, ਮਲਕੀਤ ਸਿੰਘ, ਰਿੰਕੂ ਸਿੰਘ, ਸੋਨੀ ਸਿੰਘ, ਸਰਬਜੀਤ ਕੌਰ, ਲਵਪ੍ਰੀਤ ਕੌਰ, ਨਛੱਤਰ ਕੌਰ ਸਾਰੇ ਪੰਚ, ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰ, ਸਰਪੰਚ, ਪੰਚ, ਕਾਂਗਰਸ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

ਪਿੰਡ ਡੇਰਾ ਮੀਰ ਮੀਰਾ ਵਿਖੇ ਅਕਾਲੀ -ਬਸਪਾ ਉਮੀਦਵਾਰ ਜਗਦੀਪ ਸਿੰਘ ਚੀਮਾ ਦਾ ਮੀਟਿੰਗ ਦੌਰਾਨ ਸਨਮਾਨ ਕਰਦੇ ਹੋਏ ਆਗੂ। ਅਜੀਤ ਤਸਵੀਰ

ਅਕਾਲੀ -ਬਸਪਾ ਉਮੀਦਵਾਰ ਜਗਦੀਪ ਸਿੰਘ ਚੀਮਾ ਨੇ ਪਿੰਡ ਡੇਰਾ ਮੀਰ ਮੀਰਾ ਵਿਖੇ ਕੀਤੀ ਮੀਟਿੰਗ

ਫ਼ਤਹਿਗੜ੍ਹ ਸਾਹਿਬ, 3 ਜਨਵਰੀ (ਬਲਜਿੰਦਰ ਸਿੰਘ) - ਵਿਧਾਨ ਸਭਾ ਹਲਕਾ ਫ਼ਤਹਿਗੜ੍ਹ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ-ਬਸਪਾ ਗੱਠਜੋੜ ਦੇ ਉਮੀਦਵਾਰ ਜਗਦੀਪ ਸਿੰਘ ਚੀਮਾ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 5 ਜਨਵਰੀ ਨੂੰ ਆਪਣੀ ਪੰਜਾਬ ਫੇਰੀ ਦੌਰਾਨ ਕਿਸਾਨਾਂ ਦੇ ਮੁਕੰਮਲ ਕਰਜ਼ਿਆਂ 'ਤੇ ਲਕੀਰ ਫੇਰ ਕੇ ਖੇਤੀ ਧੰਦੇ ਨੂੰ ਬਚਾਉਣ ਦਾ ਯਤਨ ਕਰਨ ਕਿਉਂਕਿ ਕਰਜ਼ੇ ਥੱਲੇ ਦੱਬੇ ਕਿਸਾਨ ਖੁਦਕੁਸ਼ੀਆਂ ਕਰਨ ਲਈ ਮਜਬੂਰ ਹਨ ਅਤੇ ਖੇਤੀ ਧੰਦਾ ਕਿਸਾਨਾਂ ਲਈ ਘਾਟੇ ਵਾਲਾ ਵਣਜ ਬਣ ਕੇ ਰਹਿ ਗਿਆ ਹੈ। ਉਹ ਅੱਜ ਇੱਥੇ ਆਪਣੇ ਚੋਣ ਪ੍ਰਚਾਰ ਮੁਹਿੰਮ ਦੌਰਾਨ ਪਿੰਡ ਡੇਰਾ ਮੀਰ ਮੀਰਾ ਵਿਖੇ ਜ਼ੋਨ ਦੀ ਇਕ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੇ ਹੱਕਾਂ ਤੇ ਹਿਤਾਂ ਦੀ ਅਸਲ ਪਹਿਰੇਦਾਰ ਹੈ ਅਤੇ ਸੂਬੇ ਵਿਚ ਅਕਾਲੀ ਦਲ-ਬਸਪਾ ਗੱਠਜੋੜ ਦੀ ਸਰਕਾਰ ਬਣਨ ਤੇ ਕਿਸਾਨੀ ਮਸਲਿਆਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਮੌਕੇ ਤੇ ਜ਼ਿਲ੍ਹਾ ਯੂਥ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਰਵੀ ਚੀਮਾ ਹਰਲਾਲਪੁਰ ਨੇ ਕਿਹਾ ਕਿ ਅੱਜ ਹਲਕੇ ਦਾ ਇਕ-ਇਕ ਵਰਕਰ ਸ਼੍ਰੋਮਣੀ ਅਕਾਲੀ ਦਲ ਨਾਲ ਚਟਾਨ ਵਾਂਗ ਖੜ੍ਹਾ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਜਗਦੀਪ ਸਿੰਘ ਚੀਮਾ ਨੂੰ ਆਪਣੇ ਵਲੋਂ ਪੂਰਨ ਸਮਰਥਨ ਦੇਵੇਗਾ। ਇਸ ਮੌਕੇ ਜ਼ਿਲ੍ਹਾ ਖ਼ਜ਼ਾਨਚੀ ਕੁਲਵਿੰਦਰ ਸਿੰਘ ਡੇਰਾ, ਰਣਜੀਤ ਸਿੰਘ ਰਵੀ ਚੀਮਾ ਹਰਲਾਲਪੁਰ, ਦਿਲਬਾਗ ਸਿੰਘ ਬਾਗਾ, ਮਨਮੋਹਨ ਸਿੰਘ ਮਕਾਰੋਂਪੁਰ, ਨਰਿੰਦਰ ਸਿੰਘ ਰਸੀਦਪੁਰ, ਰਿੰਪੀ ਗਰੇਵਾਲ, ਸਰਬਜੀਤ ਸਿੰਘ ਸੁਹਾਗਹੇੜੀ, ਕੁਲਦੀਪ ਸਿੰਘ, ਦਲਵੀਰ ਸਿੰਘ ਭਾਸ਼ਾ, ਗੁਰਵਿੰਦਰ ਸਿੰਘ ਫ਼ਿਰੋਜ਼ਪੁਰ, ਗੁਰਨਾਮ ਸਿੰਘ ਪੱਪੀ ਬਾਗ ਸਿਕੰਦਰ, ਸੁਰਿੰਦਰ ਸਿੰਘ, ਸੁਰਮੁੱਖ ਸਿੰਘ, ਸੁਰਿੰਦਰ ਸੱਲ ਪਿੰਡ ਜੰਡਾਲੀ, ਸੋਹਣ ਸਿੰਘ ਸਮੇਤ ਵੱਡੀ ਗਿਣਤੀ ਲੋਕ ਮੌਜੂਦ ਸਨ।

ਚੋਰੀ ਦੇ ਮਾਮਲੇ 'ਚ ਅਣਪਛਾਤੇ ਵਿਅਕਤੀਆਂ 'ਤੇ ਮਾਮਲਾ ਦਰਜ

ਖਮਾਣੋਂ, 3 ਜਨਵਰੀ (ਮਨਮੋਹਨ ਸਿੰਘ ਕਲੇਰ) - ਕੋਟਲਾ ਬਡਲਾ ਦੇ ਬੱਸ ਸਟੈਂਡ 'ਤੇ ਇਕ ਰੈਡੀਮੇਡ ਦੀ ਦੁਕਾਨ 'ਚੋਂ ਚੋਰੀ ਹੋਣ ਤੋਂ ਬਾਅਦ ਪੁਲਿਸ ਨੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਥਾਣਾ ਖੇੜੀ ਨੌਧ ਸਿੰਘ ਦੇ ਸਬ-ਇੰਸਪੈਕਟਰ ਨਰੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦਰਸ਼ਨ ਸਿੰਘ ਵਾਸੀ ਪਿੰਡ ਕੋਟਲਾ ਬਡਲਾ ਨੇ ਪੁਲਿਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦੀ ਕੋਟਲਾ ਬਡਲਾ ਬੱਸ ਸਟੈਂਡ 'ਤੇ ਰੈਡੀਮੇਡ ਕੱਪੜੇ ਦੀ ਦੁਕਾਨ ਹੈ। ਜਿੱਥੇ ਉਸ ਦੀ ਦੁਕਾਨ ਵਿਚ ਅਣਪਛਾਤੇ ਚੋਰਾਂ ਨੇ ਪਾੜ ਲਾ ਕੇ 6500 ਰੁਪਏ ਦੀ ਨਕਦੀ ਅਤੇ ਕੁਝ ਨਵੇਂ ਤੇ ਪੁਰਾਣੇ ਮੋਬਾਈਲ ਚੋਰੀ ਕਰ ਲਏ ਹਨ। ਪੁਲਿਸ ਨੇ ਚੋਰੀ ਦਾ ਮਾਮਲਾ ਦਰਜ ਕਰਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਮਾਂ ਮਹਾਂਕਾਲੀ ਸ਼ਿਵ ਮੰਦਰ ਵਿਖੇ ਕਰਵਾਈ ਗਈ ਮਾਤਾ ਰਾਣੀ ਦੀ ਚੌਕੀ ਮੌਕੇ ਜੋਤਿ ਪ੍ਰਚੰਡ ਦੀ ਰਸਮ ਅਦਾ ਕਰਦੇ ਹੋਏ ਸੁਖਵਿੰਦਰ ਚੋਪੜਾ, ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਅਸ਼ੋਕ ਸ਼ਰਮਾ ਤੇ ਹੋਰ। ਤਸਵੀਰ: ਮੁਕੇਸ਼ ਘਈ

ਮਾਂ ਮਹਾਂਕਾਲੀ ਸ਼ਿਵ ਮੰਦਰ 'ਚ ਨਵੇਂ ਸਾਲ ਦੇ ਸ਼ੁੱਭ ਦਿਹਾੜੇ 'ਤੇ ਚੌਂਕੀ ਲਗਵਾਈ

ਮੰਡੀ ਗੋਬਿੰਦਗੜ੍ਹ, 3 ਜਨਵਰੀ (ਮੁਕੇਸ਼ ਘਈ) - ਮਾਂ ਮਹਾਕਾਲੀ ਸ਼ਿਵ ਮੰਦਿਰ ਕਮੇਟੀ ਮੰਡੀ ਗੋਬਿੰਦਗੜ੍ਹ ਵਲੋਂ ਨਵੇਂ ਸਾਲ ਦੇ ਸ਼ੁੱਭ ਦਿਹਾੜੇ ਤੇ ਬੀਤੀ ਰਾਤ ਮਾਂ ਮਹਾਕਾਲੀ ਸ਼ਿਵ ਮੰਦਰ ਕ੍ਰਿਸ਼ਨਾ ਨਗਰ ਵਿਖੇ ਮਾਂ ਭਗਵਤੀ ਦੀ ਚੌਕੀ ਲਗਵਾਈ ਗਈ ਜਿਸ ਦਾ ਸ਼ੁੱਭ ਆਰੰਭ ਮੁੱਖ ਮਹਿਮਾਨ ਉਦਯੋਗਪਤੀ ਸੁਖਵਿੰਦਰ ਚੋਪੜਾ ਨੇ ਆਪਣੇ ਪਰਿਵਾਰ ਸਮੇਤ ਮਾਤਾ ਦੀ ਜੋਤ ਜਗਾ ਕੇ ਕੀਤੀ, ਜਦਕਿ ਚੌਂਕੀ ਦੀ ਸ਼ੁਰੂਆਤ ਪ੍ਰਸਿੱਧ ਭਜਨ ਗਾਇਕ ਨਾਜ਼ਰ ਰਹਿਲ ਵਲੋਂ ਸ੍ਰੀ ਗਣੇਸ਼ ਵੰਦਨਾ ਨਾਲ ਕੀਤੀ ਗਈ। ਇਸ ਮੌਕੇ ਤੇ ਭਜਨ ਗਾਇਕ ਨਾਜ਼ਰ ਰਹਿਲ ਵਲੋਂ ਮਾਤਾ ਰਾਣੀ ਦੀਆਂ ਸੁੰਦਰ ਭੇਟਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਅਸ਼ੋਕ ਸ਼ਰਮਾ ਨੇ ਨਵੇਂ ਸਾਲ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਤੇ ਜਗਦੀਸ਼ ਸ਼ਾਹੀ, ਸੋਮਨਾਥ ਥਾਪਰ, ਕੌਂਸਲਰ ਰਸ਼ਮੀ ਗੁਪਤਾ, ਮੋਹਨ ਗੁਪਤਾ, ਕੌਂਸਲਰ ਰਮਨਜੀਤ ਕੌਰ ਬੱਲ, ਅਮਿੱਤ ਠਾਕੁਰ, ਦਵਿੰਦਰ ਖੱਟੜਾ, ਮਨੀਸ਼ ਗਰਗ ਕਾਕੂ, ਡਾ. ਮਨਮੋਹਨ ਕੌਸ਼ਲ, ਯੱਗ ਦੱਤ, ਸੋਨੂੰ ਥਾਪਰ, ਗੋਪਾਲ ਕੁਮਾਰ, ਬੰਟੀ ਗੁਪਤਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਈਆਂ।

ਦਵਿੰਦਰ ਸਿੰਘ ਮਾਜਰੀ ਸੀਨੀਅਰ ਕਿਸਾਨ ਆਗੂ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਆਪਣੇ ਸਮਰਥਕਾਂ ਸਮੇਤ ਗੱਲਬਾਤ ਮੌਕੇ ਦਿਖਾਈ ਦਿੰਦੇ ਹੋਏ। ਤਸਵੀਰ: ਮਨਮੋਹਨ ਸਿੰਘ ਕਲੇਰ

ਰਾਜਨੀਤਕ ਪਾਰਟੀਆਂ ਮੁਫ਼ਤ ਦੀਆਂ ਖ਼ੈਰਾਤਾਂ ਵੰਡਣ ਦੀ ਬਜਾਏ ਰੋਜ਼ਗਾਰ ਦੇ ਸਾਧਨ ਪੈਦਾ ਕਰਨ - ਮਾਜਰੀ

ਖਮਾਣੋਂ, 3 ਜਨਵਰੀ (ਮਨਮੋਹਣ ਸਿੰਘ ਕਲੇਰ) - ਪੰਜਾਬ ਅੰਦਰ ਵੱਖ-ਵੱਖ ਰਾਜਨੀਤਿਕ ਪਾਰਟੀਆਂ ਵਲੋਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਏ ਦਿਨ ਨਿੱਤ ਨਵੇਂ ਐਲਾਨ ਕੀਤੇ ਜਾ ਰਹੇ ਹਨ, ਜਿਸ 'ਚ ਪੰਜਾਬੀਆਂ ਨੂੰ ਮੁਫ਼ਤ ਦੀਆਂ ਖ਼ੈਰਾਤਾਂ ਦੇਣ ਲਈ ਲੁਭਾਣੇ ਵਾਅਦਿਆਂ ਦੀਆਂ ਗਰੰਟੀਆਂ ਕੀਤੀਆਂ ਜਾ ਰਹੀਆਂ ਹਨ, ਜਦਕਿ ਉਪਰੋਕਤ ਪਾਰਟੀਆਂ ਨੂੰ ਚਾਹੀਦਾ ਤਾਂ ਇਹ ਹੈ ਕਿ ਇਹ ਅਜਿਹੇ ਲੁਭਾਉਣੇ ਵਾਅਦਿਆਂ ਦੀ ਬਜਾਏ ਲੋਕਾਂ ਨੂੰ ਰੁਜ਼ਗਾਰ ਦੇ ਸਾਧਨ ਅਤੇ ਨੌਕਰੀਆਂ ਦੇਣ ਦਾ ਬੰਦੋਬਸਤ ਕਰਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਸੀਨੀਅਰ ਕਿਸਾਨ ਆਗੂ ਦਵਿੰਦਰ ਸਿੰਘ ਮਾਜਰੀ ਨੇ ਖੇੜੀ ਨੌਧ ਸਿੰਘ ਵਿਖੇ ਆਪਣੇ ਸਾਥੀਆਂ ਨਾਲ ਗੱਲਬਾਤ ਮੌਕੇ ਕੀਤਾ। ਇਸ ਮੌਕੇ ਸੁਖਵਿੰਦਰ ਸਿੰਘ ਸਰਪੰਚ ਗੰਢੂਆਂ, ਗੁਰਿੰਦਰ ਸਿੰਘ ਪੰਜੋਲੀ, ਸੁੱਚਾ ਸਿੰਘ ਨੰਬਰਦਾਰ, ਹਰਪ੍ਰੀਤ ਸਿੰਘ ਸ਼ਾਹੀ, ਅੰਮ੍ਰਿਤਪਾਲ ਸਿੰਘ ਕਾਹਲੋਂ, ਜਗਦੀਪ ਸਿੰਘ, ਪਰਦੀਪ ਸਿੰਘ, ਲਾਲੀ ਮਜੀਠੀਆ, ਕੁਲਦੀਪ ਸਿੰਘ, ਤਰਸੇਮ ਸਿੰਘ, ਮੋਹਣ ਸਿੰਘ ਆਦਿ ਹਾਜ਼ਰ ਸਨ।

80 ਸਾਲ ਦੇ ਬਜ਼ੁਰਗਾਂ ਨੂੰ ਵੋਟ ਦੇ ਅਧਿਕਾਰ ਲਈ ਕੀਤਾ ਉਤਸ਼ਾਹਿਤ

ਜਖਵਾਲੀ, 3 ਜਨਵਰੀ (ਨਿਰਭੈ ਸਿੰਘ) - ਵਿਧਾਨ ਸਭਾ ਹਲਕਾ 055 ਦੇ ਪਿੰਡ ਚਨਾਰਥਲ ਕਲਾਂ ਅਤੇ ਚਨਾਰਥਲ ਖੁਰਦ ਵਿਖੇ ਐਸ.ਡੀ.ਐਮ. ਡਾ. ਹਿਮਾਂਸ਼ੂ ਗੁਪਤਾ ਅਤੇ ਤਹਿਸੀਲਦਾਰ ਅਮਨਦੀਪ ਚਾਵਲਾ ਦੀ ਅਗਵਾਈ ਤਹਿਤ 80 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਨੂੰ ਵੱਧ ਤੋਂ ਵੱਧ ਵੋਟ ਦਾ ਅਧਿਕਾਰ ਇਸਤੇਮਾਲ ਕਰਨ ਅਤੇ ਸੰਵੇਦਨਸ਼ੀਲ ਬੂਥਾਂ ਉੱਤੇ ਸ਼ਾਂਤਮਈ ਵੋਟਿੰਗ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸਵੀਪ ਦੇ ਨੋਡਲ ਅਫ਼ਸਰ ਦਵਿੰਦਰ ਕੁਮਾਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਬਜ਼ੁਰਗ ਜਿੱਥੇ ਸਾਡੇ ਸਮਾਜ ਸਰਮਾਇਆ ਹਨ ਉੱਥੇ ਹੀ ਮਜ਼ਬੂਤ ਲੋਕਤੰਤਰ ਦਾ ਥੰਮ੍ਹ ਹਨ। ਇਸ ਕਰਕੇ ਬਜ਼ੁਰਗਾਂ ਦਾ ਚੋਣ ਪ੍ਰਕਿਰਿਆ 'ਚ ਹਿੱਸਾ ਲੈਣਾ ਜ਼ਰੂਰੀ ਹੈ। ਇਸ ਮੌਕੇ ਸਵੀਪ ਟੀਮ ਦੇ ਜਸਪਾਲ ਸਿੰਘ ਢੀਂਡਸਾ, ਕਰਨਵੀਰ ਸਿੰਘ, ਬੀ.ਐਲ.ਓ. ਖੁਸ਼ਵੰਤ ਸਿੰਘ ਅਤੇ ਵਿਜੈ ਕੁਮਾਰ ਸ਼ਾਮਿਲ ਹੋਏ।

ਚਨਾਰਥਲ ਕਲਾਂ ਅਤੇ ਖ਼ੁਰਦ ਵਿਖੇ ਬਜ਼ੁਰਗਾਂ ਨੂੰ ਵੋਟ ਦੇ ਅਧਿਕਾਰ ਦੀ ਵਰਤੋਂ ਬਾਰੇ ਜਾਗ